ਬਸੰਤੁ ਮਹਲਾ ੫ ॥ ਸਚੁ ਪਰਮੇਸਰੁ ਨਿਤ ਨਵਾ ॥ ਗੁਰ ਕਿਰਪਾ ਤੇ ਨਿਤ ਚਵਾ ॥ ਪ੍ਰਭ ਰਖਵਾਲੇ ਮਾਈ ਬਾਪ ॥ ਜਾ ਕੈ ਸਿਮਰਣਿ ਨਹੀ ਸੰਤਾਪ ॥੧॥ ਖਸਮੁ ਧਿਆਈ ਇਕ ਮਨਿ ਇਕ ਭਾਇ ॥ ਗੁਰ ਪੂਰੇ ਕੀ ਸਦਾ ਸਰਣਾਈ ਸਾਚੈ ਸਾਹਿਬਿ ਰਖਿਆ ਕੰਠਿ ਲਾਇ ॥ ੧॥ ਰਹਾਉ ॥ ਅਪਣੇ ਜਨ ਪ੍ਰਭਿ ਆਪਿ ਰਖੇ ॥ ਦੁਸਟ ਦੂਤ ਸਭਿ ਭ੍ਰਮਿ ਥਕੇ ॥ ਬਿਨੁ ਗੁਰ ਸਾਚੇ ਨਹੀ ਜਾਇ ॥ ਦੁਖੁ ਦੇਸ ਦਿਸੰਤਰਿ ਰਹੇ ਧਾਇ ॥੨॥ ਕਿਰਤੁ ਓਨ੍ਾ ਕਾ ਮਿਟਸਿ ਨਾਹਿ ॥ ਓਇ ਅਪਣਾ ਬੀਜਿਆ ਆਪਿ ਖਾਹਿ ॥ ਜਨ ਕਾ ਰਖਵਾਲਾ ਆਪਿ ਸੋਇ ॥ ਜਨ ਕਉ ਪਹੁਚਿ ਨ ਸਕਸਿ ਕੋਇ ॥੩॥ ਪ੍ਰਭਿ ਦਾਸ ਰਖੇ ਕਰਿ ਜਤਨੁ ਆਪਿ ॥ ਅਖੰਡ ਪੂਰਨ ਜਾ ਕੋ ਪ੍ਰਤਾਪੁ ॥ ਗੁਣ ਗੋਬਿੰਦ ਨਿਤ ਰਸਨ ਗਾਇ ॥ ਨਾਨਕੁ ਜੀਵੈ ਹਰਿ ਚਰਣ ਧਿਆਇ ॥੪॥੧੨॥ {ਪੰਨਾ 1183}

ਪਦਅਰਥ:- ਸਚੁ—ਸਦਾ ਕਾਇਮ ਰਹਿਣ ਵਾਲਾ। ਨਿਤ ਨਵਾ—ਸਦਾ ਨਵਾਂ, ਸਦਾ ਸੋਹਣਾ। ਤੇ—ਤੋਂ, ਦੀ ਰਾਹੀਂ। ਚਵਾ—ਚਵਾਂ, ਮੈਂ ਉਚਾਰਦਾ ਹਾਂ। ਜਾ ਕੈ ਸਿਮਰਣਿ—ਜਿਸ ਦੀ ਸਿਮਰਨ ਦੀ ਰਾਹੀਂ। ਸੰਤਾਪ—ਦੁੱਖ-ਕਲੇਸ਼।1।

ਧਿਆਈ—ਧਿਆਈਂ, ਮੈਂ ਧਿਆਉਂਦਾ ਹਾਂ। ਇਕ ਮਨਿ—ਇਕਾਗ੍ਰ ਮਨ ਨਾਲ। ਇਕ ਭਾਇ—ਅਨੰਨ ਪਿਆਰ ਨਾਲ। ਸਾਚੈ ਸਾਹਿਬਿ—ਸਦਾ ਕਾਇਮ ਰਹਿਣ ਵਾਲੇ ਮਾਲਕ ਨੇ। ਕੰਠਿ—ਗਲ ਨਾਲ। ਲਾਇ—ਲਾ ਕੇ।1। ਰਹਾਉ।

ਜਨ—ਦਾਸ, ਸੇਵਕ {ਬਹੁ-ਵਚਨ}। ਪ੍ਰਭਿ—ਪ੍ਰਭੂ ਨੇ। ਦੁਸਟ ਦੂਤ—ਚੰਦਰੇ ਵੈਰੀ। ਸਭਿ—ਸਾਰੇ। ਭ੍ਰਮਿ—ਭਟਕ ਭਟਕ ਕੇ। ਥਕੇ—ਹਾਰ ਗਏ। ਜਾਇ—ਥਾਂ। ਦੇਸ ਦਿਸੰਤਰਿ—ਦੇਸ ਦੇਸ ਅੰਤਰਿ, ਹੋਰ ਹੋਰ ਦੇਸ ਵਿਚ। ਰਹੇ ਧਾਇ—ਦੌੜ ਦੌੜ ਕੇ ਥੱਕ ਗਏ।2।

ਕਿਰਤੁ—ਕੀਤਾ ਹੋਇਆ ਕੰਮ। ਓਇ—{ਲਫ਼ਜ਼ 'ਓਹ' ਤੋਂ ਬਹੁ-ਵਚਨ}। ਖਾਹਿ—ਖਾਂਦੇ ਹਨ। ਸੋਇ—ਉਹ (ਪ੍ਰਭੂ) ਹੀ। ਪਹੁਚਿ ਨ ਸਕਸਿ—ਬਰਾਬਰੀ ਨਹੀਂ ਕਰ ਸਕਦਾ।3।

ਪ੍ਰਭਿ—ਪ੍ਰਭੂ ਨੇ। ਕਰਿ—ਕਰ ਕੇ। ਅਖੰਡ—ਅਤੁੱਟ। ਪੂਰਨ—ਮੁਕੰਮਲ। ਜਾ ਕੋ—ਜਿਸ (ਪਰਮਾਤਮਾ) ਦਾ। ਰਸਨ—ਜੀਭ ਨਾਲ। ਜੀਵੈ—ਆਤਮਕ ਜੀਵਨ ਪ੍ਰਾਪਤ ਕਰਦਾ ਹੈ। ਧਿਆਇ—ਧਿਆਨ ਧਰ ਕੇ।4।

ਅਰਥ:- ਹੇ ਭਾਈ! ਮੈਂ ਪੂਰੇ ਗੁਰੂ ਦੀ ਸਦਾ ਸਰਨ ਪਿਆ ਰਹਿੰਦਾ ਹਾਂ (ਉਸ ਦੀ ਮਿਹਰ ਨਾਲ) ਸਦਾ ਕਾਇਮ ਰਹਿਣ ਵਾਲੇ ਮਾਲਕ-ਪ੍ਰਭੂ ਨੇ (ਮੈਨੂੰ) ਆਪਣੇ ਗਲ ਨਾਲ ਲਾ ਕੇ ਰੱਖਿਆ ਕੀਤੀ ਹੋਈ ਹੈ, (ਹੁਣ) ਮੈਂ ਇਕਾਗ੍ਰ ਮਨ ਨਾਲ ਉਸੇ ਦੇ ਪਿਆਰ ਵਿਚ ਟਿਕ ਕੇ ਉਸ ਖਸਮ-ਪ੍ਰਭੂ ਨੂੰ ਸਿਮਰਦਾ ਰਹਿੰਦਾ ਹਾਂ।1। ਰਹਾਉ।

ਹੇ ਭਾਈ! ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ, (ਫਿਰ ਉਹ ਪਿਆਰਾ ਲੱਗਦਾ ਹੈ ਕਿਉਂਕਿ ਉਹ) ਸਦਾ ਹੀ ਨਵਾਂ ਹੈ। ਗੁਰੂ ਦੀ ਮਿਹਰ ਨਾਲ ਮੈਂ ਸਦਾ (ਉਸ ਦਾ ਨਾਮ) ਉਚਾਰਦਾ ਹਾਂ। ਹੇ ਭਾਈ! (ਜਿਵੇਂ) ਮਾਪੇ (ਆਪਣੇ ਬੱਚੇ ਦਾ ਸਦਾ ਧਿਆਨ ਰੱਖਦੇ ਹਨ, ਤਿਵੇਂ) ਪ੍ਰਭੂ ਜੀ ਸਦਾ (ਮੇਰੇ) ਰਾਖੇ ਹਨ (ਉਹ ਪ੍ਰਭੂ ਐਸਾ ਹੈ) ਕਿ ਉਸ ਦੇ ਸਿਮਰਨ ਨਾਲ ਕੋਈ ਦੁੱਖ-ਕਲੇਸ਼ ਪੋਹ ਨਹੀਂ ਸਕਦੇ।1।

ਹੇ ਭਾਈ! ਪ੍ਰਭੂ ਨੇ ਆਪਣੇ ਸੇਵਕਾਂ ਦੀ ਸਦਾ ਆਪ ਰੱਖਿਆ ਕੀਤੀ ਹੈ (ਸੇਵਕਾਂ ਦੇ) ਭੈੜੇ ਵੈਰੀ ਸਾਰੇ ਭਟਕ ਭਟਕ ਕੇ ਹਾਰ ਜਾਂਦੇ ਹਨ। (ਸੇਵਕਾਂ ਨੂੰ) ਸਦਾ-ਥਿਰ ਪ੍ਰਭੂ ਦੇ ਰੂਪ ਗੁਰੂ ਤੋਂ ਬਿਨਾ ਹੋਰ ਕੋਈ ਆਸਰਾ ਨਹੀਂ ਹੁੰਦਾ। (ਜਿਹੜੇ ਮਨੁੱਖ ਗੁਰੂ ਨੂੰ ਛੱਡ ਕੇ) ਹੋਰ ਹੋਰ ਥਾਂ ਭਟਕਦੇ ਫਿਰਦੇ ਹਨ, ਉਹਨਾਂ ਨੂੰ ਦੁੱਖ (ਵਾਪਰਦਾ ਹੈ)।2।

ਹੇ ਭਾਈ! (ਗੁਰੂ ਨੂੰ ਛੱਡ ਕੇ ਹੋਰ ਹੋਰ ਥਾਂ ਭਟਕਣ ਵਾਲੇ) ਉਹਨਾਂ ਮਨੁੱਖਾਂ ਦਾ (ਇਹ) ਕੀਤਾ ਹੋਇਆ ਕੰਮ (ਕੀਤੇ ਇਹਨਾਂ ਕੰਮਾਂ ਦਾ ਸੰਸਕਾਰ-ਸਮੂਹ ਉਹਨਾਂ ਦੇ ਅੰਦਰੋਂ) ਮਿਟਦਾ ਨਹੀਂ। ਆਪਣੇ ਕੀਤੇ ਕਰਮਾਂ ਦਾ ਫਲ ਉਹ ਆਪ

ਹੀ ਖਾਂਦੇ ਹਨ। ਆਪਣੇ ਸੇਵਕ ਦਾ ਰਾਖਾ ਪ੍ਰਭੂ ਆਪ ਬਣਦਾ ਹੈ। ਕੋਈ ਹੋਰ ਮਨੁੱਖ ਪ੍ਰਭੂ ਦੇ ਸੇਵਕ ਦੀ ਬਰਾਬਰੀ ਨਹੀਂ ਕਰ ਸਕਦਾ।3।

ਹੇ ਭਾਈ! ਜਿਸ ਪ੍ਰਭੂ ਦਾ ਅਤੁੱਟ ਅਤੇ ਪੂਰਨ ਪਰਤਾਪ ਹੈ, ਉਸ ਨੇ (ਉਚੇਚਾ) ਜਤਨ ਕਰ ਕੇ ਆਪਣੇ ਸੇਵਕਾਂ ਦੀ ਸਦਾ ਆਪ ਰਾਖੀ ਕੀਤੀ ਹੈ। ਹੇ ਭਾਈ! ਉਸ ਗੋਬਿੰਦ ਦੇ ਗੁਣ ਸਦਾ ਆਪਣੀ ਜੀਭ ਨਾਲ ਗਾਇਆ ਕਰ। ਨਾਨਕ (ਭੀ) ਉਸ ਪਰਮਾਤਮਾ ਦੇ ਚਰਨਾਂ ਦਾ ਧਿਆਨ ਧਰ ਕੇ ਆਤਮਕ ਜੀਵਨ ਹਾਸਲ ਕਰਦਾ ਰਹਿੰਦਾ ਹੈ।4।12।